ਦਫਤਰ :– ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ, ਲੋ:ਨਿ:ਵਿ: ਭ ਤੇ ਮ ਸਾਖਾ, ਸਾਹਮਣੇ ਪੁਲਿਸ ਸਟੇਸ਼ਨ, ਇੰਡਸਟ੍ਰੀਅਲ ਏਰੀਆ ਫੇਸ–1, ਸਾਹਿਬਜਾਦਾ ਅਜੀਤ ਸਿੰਘ ਨਗਰ (ਮੋਹਾਲੀ)
E-mail Id : ee.pd.moh.pwd@punjab.gov.in Tel. & Fax No. 0172-2226328

---

ਵੱਲ

The Principal
Shishu Niketan Public School,
Sector-66, SAS Nagar.

ਨੰ: ੬੦੩੩ ਮਿਤੀ: ੨੨-੬-੨੦੨੨

ਵਿਸ਼ਾ– **ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ।**

ਹਵਾਲਾ: ਆਪ ਦਾ ਪੱਤਰ ਨੰ. NIL ਮਿਤੀ 10.04.2022 ਦੇ ਸਬੰਧ ਵਿੱਚ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਇਸ ਮੰਡਲ ਅਧੀਨ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਲੋ: ਨਿ: ਵਿ: ਭ ਤੇ ਮ ਸਾਖਾ, ਐਸ.ਏ.ਐਸ ਨਗਰ ਦੀ ਰਿਪੋਰਟ ਅਨੁਸਾਰ ਸਕੂਲ ਦੀ ਇਮਾਰਤ ਦਾ ਹਰ ਪੱਖੋ ਮੁਆਇਨਾ ਕਰਨ ਉਪਰੰਤ ਇਮਾਰਤ ਠੀਕ ਪਾਈ ਗਈ ਹੈ।ਸਕੂਲ ਵੱਲੋ ਇੰਸਪੈਕਸ਼ਨ ਫੀਸ ਰੁ: 15,000/-ਜੀ.ਆਰ. ਨੰ. 4300001 ਮਿਤੀ 13-06-2022 ਰਾਹੀ ਜਮਾਂ ਕਰਵਾ ਦਿੱਤੀ ਗਈ ਹੈ। ਇਸ ਲਈ ਉਪਰੋਕਤ ਸਕੂਲ ਦਾ ਬਿਲਡਿੰਗ ਸੇਫਟੀ ਸਰਟੀਫਿਕੇਟ ਸਾਲ 2022-2023 ਲਈ ਹੇਠ ਲਿਖਿਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ:

1. ਨਿਰੀਖਣ ਤੋ ਬਾਅਦ ਜੇਕਰ ਸਕੂਲ ਮੁੱਖੀ ਵੱਲੋ ਦਰਸਾਈ ਗਈ ਬਿਲਡਿੰਗ ਵਿੱਚ ਕੋਈ ਵੀ ਵਾਧਾ/ਬਦਲਾਵ ਕੀਤਾ ਜਾਂਦਾ ਹੈ ਤਾਂ ਉਹ ਕਿਸੇ ਮਾਨਤਾ ਪ੍ਰਾਪਤ ਇੰਜੀਨੀਅਰ ਦੀ ਨਿਗਰਾਨੀ ਵਿੱਚ ਕਰਵਾਇਆ ਜਾਵੇ ਅਤੇ ਬਿਲਡਿੰਗ ਦੀ ਸੇਫਟੀ ਸਬੰਧੀ ਮਾਨਤਾ ਪ੍ਰਾਪਤ ਸਟ੍ਰੱਕਚਰਲ ਇੰਜੀਨੀਅਰ ਤੋਂ ਦੁਬਾਰਾ ਪ੍ਰਵਾਨਗੀ ਲੈਣ ਉਪਰੰਤ ਇਸ ਦਫਤਰ ਤੋਂ ਦਰਸਾਈਆਂ ਸ਼ਰਤਾਂ ਨੂੰ ਮੁੱਖ ਰੱਖਦੇ ਹੋਏ ਦੁਬਾਰਾ ਬਿਲਡਿੰਗ ਦਾ ਸੇਫਟੀ ਸਰਟੀਫਿਕੇਟ ਜਾਰੀ ਕਰਵਾਇਆ ਜਾਵੇ।
2. ਜੇਕਰ ਕੋਈ ਕੁਦਰਤੀ ਆਫਤ ਕਾਰਨ ਜਾਂ ਕਿਸੇ ਵੀ ਕਾਰਨ ਬਿਲਡਿੰਗ ਨੂੰ ਨੁਕਸਾਨ ਹੁੰਦਾ ਹੈ ਤਾਂ ਵੀ ਸਕੂਲ ਮੁੱਖੀ ਨੂੰ ਤੁਰੰਤ ਇਸ ਦਫਤਰ ਨੂੰ ਸੂਚਿਤ ਕਰਨਾ ਪਵੇਗਾ ਤਾਂ ਜੋ ਬਣਦੀ ਕਾਰਵਾਈ ਕੀਤੀ ਜਾ ਸਕੇ।
3. ਇਸ ਬਿਲਡਿੰਗ ਦਾ ਫਾਇਰ ਸੇਫਟੀ ਸਰਟੀਫਿਕੇਟ, ਪੰਜਾਬ ਫਾਇਰ ਸਰਵਿਸਜ਼, ਮੋਹਾਲੀ ਵੱਲੋ ਉਨ੍ਹਾਂ ਦੇ ਐਨ.ਓ.ਸੀ ਨੰ: 2004-51331-Fire/36653 ਮਿਤੀ 24.04.2022 ਦੁਆਰਾ ਜਾਰੀ ਕੀਤਾ ਗਿਆ ਹੈ। ਫਾਇਰ ਸੇਫਟੀ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬੁਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ।
4. ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀ ਹੋਵੇਗਾ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ: ਨਿ: ਵਿ: ਭ ਤੇ ਮ ਸਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ।

ਰੋਕੀ /

ਪਿਠ ਅੰਕਣ ਨੰ. ਮਿਤੀ:

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਲੋ: ਨਿ: ਵਿ: ਭ ਤੇ ਮ ਸ਼ਾਖਾ, ਐਸ.ਏ.ਐਸ ਨਗਰ ਨੂੰ ਉਨ੍ਹਾਂ ਦੇ ਪੱਤਰ ਨੰ. 303 ਮਿਤੀ 20-06-2022 ਦੇ ਹਵਾਲੇ ਵਿੱਚ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ: ਨਿ: ਵਿ: ਭ ਤੇ ਮ ਸ਼ਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ।

Harjeet Kaur
Principal
Shishu Niketan Public School
Sector-66, Mohali

For Shishu Suchintan Educational Society
Authorised Signatory